ਆਕਾਸ਼ਵਾਣੀ ਜਲੰਧਰ

ਪ੍ਰਦੇਸ਼ਿਕ ਖਬਰਾਂ ਪੰਜਾਬੀ

18:20 Pm

ਮਿਤੀ: 05-11-2024

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਪਿੰਡ ਸੁਰੱਖਿਆ ਕਮੇਟੀਆਂ ਮੈਂਬਰਾਂ ਨੂੰ, ਦੇਸ਼ ਵਿਰੋਧੀ ਤਾਕਤਾਂ ਖਿਲਾਫ ਲਾਮਬੰਦ ਹੋਣ ਦਾ ਸੱਦਾ ਦਿੱਤਾ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਕੈਨੇਡਾ ਵਿੱਚ ਹਿੰਸਾ ਤੇ ਨਫ਼ਰਤ ਦੀਆਂ ਘਟਨਾਵਾਂ ਦੀ ਸਖ਼ਤ ਨਿਖੇਧੀ ਕਰਦਿਆਂ, ਇਸ ਮਾਮਲੇ ਵਿਚ ਭਾਰਤ ਸਰਕਾਰ ਵਲੋਂ ਦਖਲ ਦੇਣ ਦੀ ਕੀਤੀ ਮੰਗ।
- PIB ਜਲੰਧਰ ਵਲੋਂ ਨਸ਼ਿਆਂ ਦੀ ਮਾੜੀ ਅਲਾਮਤ ਬਾਰੇ ਇਕ ਮੀਡੀਆ ਵਰਕਸ਼ਾਪ ਦਾ ਆਯੋਜਨ ।
- ਸੂਰਜ ਪੂਜਾ ਦਾ ਸਭ ਤੋਂ ਵੱਡਾ ਤਿਉਹਾਰ ਛਠ, ਅੱਜ ਦੇਸ਼ ਭਰ 'ਚ ਨਹਾਏ-ਖਾਏ ਨਾਲ ਸ਼ੁਰੂ ਹੋਇਆ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਮੌਕੇ 'ਤੇ ਲੋਕਾਂ ਨੂੰ ਵਧਾਈ ਦਿੱਤੀ।

---

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸਰਹੱਦੀ ਜ਼ਿਲ੍ਹਿਆਂ ਦੇ ਆਪਣੇ ਚਾਰ ਦਿਨਾਂ ਦੌਰੇ ਦੀ ਫਾਜ਼ਿਲਕਾ ਜਿਲੇ ਤੋਂ ਸੁਰੂਆਤ ਕਰਦਿਆਂ ਆਖਿਆ ਏ ਕਿ ਸੂਬੇ ਦੇ 6 ਸਰਹੱਦੀ ਜ਼ਿਲ੍ਹਿਆਂ ਵਿਚ ਪਿੰਡ ਸੁਰੱਖਿਆ ਕਮੇਟੀਆਂ ਦਾ ਗਠਨ ਕੀਤਾ ਜਾ ਚੁੱਕਾ ਏ। ਅਜੇ ਫਾਜ਼ਿਲਕਾ ਵਿਖੇ ਉਨ੍ਹਾਂ , ਇੰਨ੍ਹਾਂ ਕਮੇਟੀਆਂ ਵੱਲੋਂ ਸਰਹੱਦੀ ਖੇਤਰਾਂ ਵਿਚ ਜਨਜਾਗਰੂਕਤਾ ਵਿਚ ਨਿਭਾਈ ਜਾ ਰਹੀ ਭੁਮਿਕਾ ਦੀ ਸਲਾਘਾ ਕਰਦਿਆਂ ਕਿਹਾ ਕਿ ਕਿ ਹਰੇਕ ਕਮੇਟੀ ਤੋਂ ਮੈਂਬਰਾਂ ਦਾ ਰਾਜ ਭਵਨ ਨਾਲ ਸਿੱਧਾ ਸੰਪਰਕ ਸਥਾਪਿਤ ਕੀਤਾ ਜਾਵੇਗਾ ਤਾਂ ਜੋ ਉਹ ਸਰਹੱਦੀ ਖੇਤਰਾਂ ਦੀਆਂ ਮੁਸਕਿਲਾਂ ਅਤੇ ਸਮਰੱਥਾਵਾਂ ਨੂੰ ਉਹ ਹੋਰ ਬਿਹਤਰ ਤਰੀਕੇ ਨਾਲ ਜਾਣ ਸਕਨ। ਭਾਰਤ ਪਾਕਿਸਤਾਨ ਸਰਹੱਦ ਤੇ ਵਸੇ ਪਿੰਡ ਜੋਧਾ ਭੈਣੀ ਵਿਚ, ਜ਼ਿਲ੍ਹੇ ਦੇ ਪਿੰਡ ਸੁਰੱਖਿਆ ਕਮੇਟੀਆਂ ਦੇ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਰਾਜਪਾਲ ਨੇ ਕਮੇਟੀ ਮੈਂਬਰਾਂ ਨੂੰ ਦੇਸ਼ ਵਿਰੋਧੀ ਤਾਕਤਾਂ ਖਿਲਾਫ ਲਾਮਬੰਦ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਪਿੰਡ ਸੁਰੱਖਿਆ ਕਮੇਟੀਆਂ ਦੀ ਮਹੀਨੇ ਵਿਚ ਘੱਟੋ ਘੱਟ ਇਕ ਵਾਰ ਬੈਠਕ ਜਰੂਰ ਕੀਤੀ

ਜਾਵੇ । ਉਨ੍ਹਾਂ ਨੇ ਕਿਹਾ ਕਿ ਹਰੇਕ ਪਿੰਡ ਦੀ ਸੁਰੱਖਿਆ ਕਮੇਟੀ ਲਈ ਇਕ ਅਧਿਕਾਰੀ ਨੂੰ ਨੋਡਲ ਅਫ਼ਸਰ ਵਜੋਂ ਤਾਇਨਾਤ ਕੀਤਾ ਜਾਵੇਗਾ ਤਾਂ ਜੋ ਲੋਕਾਂ ਅਤੇ ਪ੍ਰਸ਼ਾਸਨ ਵਿਚਕਾਰ ਬਿਹਤਰ ਤਾਲਮੇਲ ਯਕੀਨੀ ਬਣਾਇਆ ਜਾ ਸਕੇ। ਰਾਜਪਾਲ ਨੇ ਕਿਹਾ ਕਿ ਗੁਆਂਢੀ ਮੁਲਕ ਨੇ ਹੁਣ ਜਾਣ ਲਿਆ ਏ ਕਿ ਉਹ ਭਾਰਤ ਦਾ ਟਾਕਰਾ ਕਰਨ ਦੀ ਸਮੱਰਥਾ ਨਹੀਂ ਰੱਖਦਾ, ਇਸ ਲਈ ਉਹ ਕੋਝੀਆਂ ਹਰਕਤਾਂ ਕਰਦਾ ਏ ਅਤੇ ਡਰੋਨਾਂ ਨਾਲ ਨਸ਼ੇ ਭੇਜਣ ਦੀ ਕੋਸ਼ਿਸ ਕਰਦਾ ਏ । ਉਨ੍ਹਾਂ ਨੇ ਕਿਹਾ ਕਿ ਪਿੰਡ ਸੁਰੱਖਿਆ ਕਮੇਟੀਆਂ ਅਜਿਹੇ ਮਾੜੇ ਅਨਸਰਾਂ ਖਿਲਾਫ ਜਿੱਥੇ ਜਾਗਰੂਕਤਾ ਦਾ ਕੰਮ ਕਰਦੀਆਂ ਨੇ ਉਥੇ ਹੀ ਇਹ ਕਮੇਟੀਆਂ ਮਾੜੇ ਅਨਸਰਾਂ ਸਬੰਧੀ ਸੂਚਨਾ ਵੀ ਪੁਲਿਸ ਅਤੇ ਬੀ.ਐਸ.ਐਫ ਨੂੰ ਉਪਲਬੱਧ ਕਰਵਾਉਂਦੀਆਂ ਨੇ । ਉਨ੍ਹਾਂ ਨੇ ਕਿਹਾ ਕਿ ਇਸ ਤਰਾਂ ਦੀਆਂ ਸੂਚਨਾਵਾਂ ਦੇਣ ਵਾਲੇ ਲੋਕਾਂ ਨੂੰ ਯੋਗ ਸਨਮਾਨ ਦਿੱਤਾ ਜਾਵੇਗਾ।

ਨਸ਼ੇ ਵਰਗੀਆਂ ਸਮਾਜਿਕ ਬੁਰਾਇਆਂ ਖਿਲਾਫ ਉਨ੍ਹਾਂ ਨੇ ਸਾਂਝੇ ਯਤਨ ਕਰਨ ਦਾ ਸੱਦਾ ਦਿੰਦਿਆਂ ਆਖਿਆ ਕਿ ਜੇਕਰ ਸਾਰਾ ਸਮਾਜ ਇੱਕਮੁੱਠ ਹੋਕੇ ਕੰਮ ਕਰੇਗਾ ਤਾਂ ਅਸੀਂ ਹਰ ਮੁਹਾਜ ਤੇ ਜਿੱਤ ਦਰਜ ਕਰਾਂਗੇ। ਇਸ ਮੌਕੇ ਉਨ੍ਹਾਂ ਨੇ ਪਿੰਡਾਂ ਵਿਚ ਨੌਜਵਾਨਾ ਨੂੰ ਵੱਖ ਵੱਖ ਉਸਾਰੂ ਗਤੀਵਿਧੀਆਂ ਵਿਚ ਜੋੜਨ ਦਾ ਸੱਦਾ ਵੀ ਦਿੱਤਾ ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੈਨੇਡਾ ਵਿੱਚ ਵਾਪਰੀਆਂ ਹਿੰਸਕ ਘਟਨਾਵਾਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ, ਭਾਰਤ ਸਰਕਾਰ ਨੂੰ ਇਹ ਮਾਮਲਾ ਕੈਨੇਡਾ ਸਰਕਾਰ ਕੋਲ ਉਠਾਉਣ ਦੀ ਅਪੀਲ ਕੀਤੀ ਏ ।ਬਠਿੰਡਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਕੈਨੇਡਾ ਲੱਖਾਂ ਪੰਜਾਬੀਆਂ ਦਾ ਦੂਜਾ ਘਰ ਏ , ਜਿਨ੍ਹਾਂ ਨੇ ਉੱਥੇ ਜਾ ਕੇ ਸਖ਼ਤ ਮਿਹਨਤ ਨਾਲ ਮੁਕਾਮ ਹਾਸਲ ਕੀਤਾ ਏ । ਇਹ ਬਹੁਤ ਮੰਦਭਾਗੀ ਗੱਲ ਏ ਕਿ ਵੰਡ ਅਤੇ ਨਫ਼ਰਤ ਦੀ ਸਿਆਸਤ, ਕੈਨੇਡਾ ਵਿੱਚ ਤੇਜ਼ੀ ਨਾਲ ਵਧੀ ਏ ।ਮੁੱਖ ਮੰਤਰੀ ਨੇ ਕਿਹਾ ਕਿ ਕੈਨੇਡਾ ਵਰਗੀ ਧਰਤੀ 'ਤੇ ਧਰਮ ਅਤੇ ਨਫਰਤ ਦੀ ਰਾਜਨੀਤੀ ਦਾ ਪੈਰ ਪਸਾਰਨਾ ਵਿਸ਼ਵਾਸ ਤੋਂ ਬਾਹਰ ਦੀ ਗੱਲ ਏ । ਉਨ੍ਹਾਂ ਕਿਹਾ ਕਿ ਨਫ਼ਰਤ ਅਤੇ ਹਿੰਸਾ ਦੀ ਇਹ ਕਾਰਵਾਈ ਅਤਿ ਨਿੰਦਣਯੋਗ ਏ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬੀ ਹਮੇਸ਼ਾ ਸਰਬੱਤ ਦੇ ਭਲੇ ਦੀ ਅਰਦਾਸ ਕਰਦੇ ਨੇ ਅਤੇ ਅਮਨ-ਸ਼ਾਂਤੀ ਦੇ ਮੁਦੱਈ ਨੇ ਜਿਸ ਕਾਰਨ ਉਨ੍ਹਾਂ ਨੂੰ, ਦੁਨੀਆ ਭਰ ਵਿੱਚ ਪਿਆਰ ਤੇ ਸਤਿਕਾਰ ਦੀ ਨਜ਼ਰ ਨਾਲ

ਦੇਖਿਆ ਜਾਂਦਾ ਏ । ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬੀਆਂ ਨੇ ਆਪਣੀ ਮਿਹਨਤ ਅਤੇ ਕਾਬਲੀਅਤ ਦੇ ਗੁਣਾਂ ਨਾਲ ਪੂਰੀ ਦੁਨੀਆ ਵਿੱਚ ਆਪਣਾ ਵੱਖਰੀ ਪਛਾਣ ਕਾਇਮ ਕੀਤੀ ਏ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਜਿਹੀਆਂ ਕਾਰਵਾਈਆਂ ਨਾਲ, ਪੰਜਾਬ ਅਤੇ ਪੰਜਾਬੀਆਂ ਨੂੰ ਨਮੋਸ਼ੀ ਸਹਿਣੀ ਪੈਂਦੀ ਏ ਜਿਸ ਕਰਕੇ ਇਸ ਤੋਂ ਬਚਣਾ ਚਾਹੀਦਾ ਏ । ਉਨ੍ਹਾਂ ਕਿਹਾ ਕਿ ਕੈਨੇਡੀਅਨ ਸਰਕਾਰ ਨੂੰ ਇਸ ਘਿਨਾਉਣੇ ਅਪਰਾਧ ਦੇ ਦੋਸ਼ੀਆਂ ਖਿਲਾਫ ਮਿਸਾਲੀ ਕਾਰਵਾਈ ਯਕੀਨੀ ਬਣਾਉਣੀ ਚਾਹੀਦੀ ਏ ਤਾਂ ਜੋ ਦੂਜਿਆਂ ਨੂੰ ਸਬਕ ਮਿਲ ਸਕੇ ।

---------------------------------------------------------

ਓਧਰ ਖਰੜ ਵਿਖੇ ਸ਼ਿਵ ਸੈਨਾ ਹਿੰਦ ਦੇ ਕੌਮੀ ਪ੍ਰਧਾਨ ਨਿਸ਼ਾਂਤ ਸ਼ਰਮਾ ਨੇ ਕੈਨੇਡਾ 'ਚ ਮੰਦਿਰ 'ਤੇ ਕੀਤੇ ਹਮਲੇ ਦੀ ਸਖ਼ਤ ਨਿਖੇਧੀ ਕਰਦਿਆਂ ਆਖਿਆ ਏ ਕਿ ਅਜਿਹੀਆਂ ਘਿਨੌਣੀਆਂ ਕਾਰਵਾਈਆਂ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ । ਉਨਾ ਕਿਹਾ ਕਿ ਕੈਨੇਡਾ ਵਿੱਚ ਰਹਿਣ ਵਾਲੇ ਹਰੇਕ ਵਿਅਕਤੀ ਨੂੰ ਆਪਣੇ ਧਰਮ ਦੀ ਆਜ਼ਾਦੀ ਅਤੇ ਸੁਰੱਖਿਅਤ ਢੰਗ ਨਾਲ ਤਿਓਹਾਰ ਮਨਾਉਣ ਦਾ ਅਧਿਕਾਰ ਏ । ਉਨ੍ਹਾਂ ਹਮਲਾਵਰਾਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ ਉਨਾਂ ਭਾਰਤ ਦੇ ਗ੍ਰਹਿ ਮੰਤਰਾਲੇ ਤੋਂ ਇਸ ਮਾਮਲੇ ਚ ਤੁਰੰਤ ਧਿਆਨ ਦੇਣ ਅਤੇ ਵਿਦੇਸ਼ ਚ ਰਹਿੰਦੇ ਹਿੰਦੂਆਂ ਦੀ ਸੁਰੱਖਿਆ ਵੱਲ ਸਖ਼ਤ ਕਦਮ ਚੁੱਕਣ ਦੀ ਬੇਨਤੀ ਕੀਤੀ ਏ ।

---------------------------------------------------------

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਇੱਕ ਰੋਜ਼ਾ ਸੈਮੀਨਾਰ ਕਰਵਾਇਆ ਗਿਆ, ਜਿਸ ਵਿਚ ਵੱਖ ਵੱਖ ਖੇਤਰਾਂ ਦੇ ਅਕਾਦਮਿਕ ਅਤੇ ਉਦਯੋਗ ਮਾਹਿਰਾਂ ਨੇ ਆਪੋ ਆਪਣੇ ਵਿਚਾਰ ਸਾਂਝੇ ਕੀਤੇ, ਜਿਸ ਨੇ ਸਮਾਜ ਨੂੰ ਭੂ-ਵਿਗਿਆਨ ਨਾਲ ਜੋੜਿਆ।

ਇੰਟਰਨੈਸ਼ਨਲ ਯੂਨੀਅਨ ਆਫ ਜੀਓਲੋਜੀਕਲ ਸਾਇੰਸਿਜ਼ ਅਤੇ ਇੰਟਰਨੈਸ਼ਨਲ ਜਿਓਸਾਇੰਸ ਪ੍ਰੋਗਰਾਮ-ਯੂਨੈਸਕੋ ਦੇ ਹੈਰੀਟੇਜ ਸਟੋਨਜ਼ ਬਾਰੇ ਸਬਕਮਿਸ਼ਨ (HSS) ਦੀ ਸਰਪ੍ਰਸਤੀ ਹੇਠ ਆਯੋਜਿਤ 'IUGS ਹੈਰੀਟੇਜ ਸਟੋਨਜ਼: ਇੰਡੀਅਨ ਕੰਟਰੀ-ਬਿਊਸ਼ਨਸ' ਸਿਰਲੇਖ ਵਾਲਾ ਸੈਮੀਨਾਰ, ਭੂ-ਵਿਰੋਧੀ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਇੱਕ ਵਿਲੱਖਣ ਉਪਰਾਲਾ ਰਿਹਾ । ਪੰਜਾਬ ਯੂਨੀਵਰਸਿਟੀ ਦੇ ਡੀ.ਯੂ.ਆਈ ਅਤੇ ਸੈਮੀਨਾਰ ਦੇ ਮੁੱਖ ਮਹਿਮਾਨ ਪ੍ਰੋ: ਰੁਮੀਨਾ ਸੇਠੀ, ਨੇ ਕਿਹਾ ਕਿ

ਮਨੁੱਖੀ ਸਭਿਅਤਾ ਦੀਆਂ ਕਹਾਣੀਆਂ ਨੂੰ ਬਿਆਨ ਕਰਦੇ ਪੱਥਰਾਂ ਨੂੰ ਦਾਰਸ਼ਨਿਕ ਢੰਗ ਨਾਲ ਦੇਖਣਾ ਜ਼ਰੂਰੀ ਏ । ਪੱਥਰ ਵਿਗਿਆਨ ਬਾਰੇ ਬੀ.ਐਸ.ਆਈ.ਪੀ, ਲਖਨਊ ਦੇ ਡਾਇਰੈਕਟਰ, ਪ੍ਰੋ: ਮਹੇਸ਼ ਠੱਕਰ, ਨੇ ਸਾਡੇ ਜੀਵਨ ਵਿੱਚ ਪੱਥਰਾਂ ਦੀ ਮਹੱਤਤਾ ਅਤੇ ਧਰਤੀ ਦਾ ਇਤਿਹਾਸ ਪੱਥਰਾਂ ਨਾਲ ਕਿਵੇਂ ਜੁੜਿਆ ਹੋਇਆ ਏ ਬਾਰੇ ਦੱਸਿਆ । ਉਦਘਾਟਨੀ ਸੈਸ਼ਨ ਵਿੱਚ 'ਪਹਿਲੇ 55 ਆਈ.ਯੂ.ਜੀ.ਐਸ ਹੈਰੀਟੇਜ ਸਟੋਨਜ਼' ਕਿਤਾਬ ਦੀ ਜਾਰੀ ਵੀ ਹੋਈ । ਪੰਜਾਬ ਯੂਨੀਵਰਸਿਟੀ ਦੇ ਭੂ-ਵਿਗਿਆਨ ਵਿਭਾਗ ਦੇ ਪ੍ਰੋ: ਗੁਰਮੀਤ ਕੌਰ ਨੇ ਪੁਸਤਕ ਬਾਰੇ ਇਕ ਦਿਲਚਸਪ ਪੇਸ਼ਕਾਰੀ ਜਦਕਿ ਸੱਭਿਆਚਾਰਕ ਭੂਗੋਲ ਵਿਗਿਆਨੀ ਪ੍ਰੋ. ਸਿਮਰਤ ਕਾਹਲੋਂ ਨੇ ਇੱਕ ਸੱਭਿਆਚਾਰਕ ਭੂਗੋਲ ਵਿਗਿਆਨੀ ਦੇ ਲੈਂਸ ਰਾਹੀਂ ਪੱਥਰਾਂ ਬਾਰੇ ਇੱਕ ਦ੍ਰਿਸ਼ਟੀਕੋਣ ਪੇਸ਼ ਕੀਤਾ।

-----------------------------------------------------------

ਪੰਜਾਬ ਯੂਨੀਵਰਸਿਟੀ 17ਵੀਂ ਚੰਡੀਗੜ੍ਹ ਸਾਇੰਸ ਕਾਂਗਰਸ (CHASCON-2024) ਦੀ ਮੇਜ਼ਬਾਨੀ ਕਰੇਗੀ। ਪੰਜਾਬ ਯੂਨੀਵਰਸਿਟੀ ਕਲ ਤੋਂ 8 ਨਵੰਬਰ ਤੱਕ ਪੀ.ਯੂ ਲਾਅ ਆਡੀਟੋਰੀਅਮ ਵਿਖੇ 17ਵੀਂ ਚੰਡੀਗੜ੍ਹ ਸਾਇੰਸ ਕਾਂਗਰਸ (CHASCON-2024) ਦੀ ਮੇਜ਼ਬਾਨੀ ਕਰਨ ਲਈ ਪੂਰੀ ਤਰ੍ਹਾਂ ਤਿਆਰ ਏ । ਤਿੰਨ ਰੋਜ਼ਾ ਵੱਕਾਰੀ ਰਾਸ਼ਟਰੀ ਕਾਨਫਰੰਸ "ਵਿਕਸ਼ਿਤ ਭਾਰਤ ਲਈ ਸਵਦੇਸ਼ੀ ਤਕਨਾਲੋਜੀ" ਦੇ ਵਿਸ਼ੇ 'ਤੇ ਆਯੋਜਿਤ ਕੀਤੀ ਜਾ ਰਹੀ ਏ ਅਤੇ ਰਾਸ਼ਟਰੀ ਉੱਚਾਤਰ ਸਿੱਖਿਆ ਅਭਿਆਨ ਅਤੇ ਮਨੁੱਖੀ ਸਰੋਤ ਵਿਕਾਸ ਮੰਤਰਾਲੇ (MHRD) ਵਲੋਂ ਪ੍ਰਾਯੋਜਿਤ ਕੀਤੀ ਗਈ ਏ ।

-----------------------------------------------------------

ਸੰਸਦ ਦਾ ਸਰਦ ਰੁੱਤ ਇਜਲਾਸ 25 ਨਵੰਬਰ ਤੋਂ ਸ਼ੁਰੂ ਹੋ ਰਿਹਾ ਤੇ ਇਹ 20 ਦਸੰਬਰ ਤੱਕ ਚੱਲੇਗਾ। ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ ਨੇ ਸੋਸ਼ਲ ਮੀਡੀਆ 'ਤੇ ਇਹ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕਿਹਾ ਕਿ ਰਾਸ਼ਟਰਪਤੀ ਨੇ ਕੇਂਦਰ ਸਰਕਾਰ ਦੀ ਸਿਫ਼ਾਰਸ਼ 'ਤੇ 25 ਨਵੰਬਰ ਤੋਂ 20 ਦਸੰਬਰ ਤੱਕ ਸਰਦ ਰੁੱਤ ਇਜਲਾਸ 2024 ਲਈ, ਸੰਸਦ ਦੇ ਦੋਵੇਂ ਸਦਨਾਂ ਨੂੰ ਬੁਲਾਉਣ ਦੀ ਤਜਵੀਜ਼ ਨੂੰ ਮਨਜ਼ੂਰੀ ਦੇ ਦਿੱਤੀ ਏ। ਸੰਸਦੀ ਕੰਮਕਾਜ ਦੀਆਂ ਲੋੜਾਂ ਨੂੰ ਦੇਖਦੇ ਹੋਏ, ਇਜਲਾਸ ਦੀ ਮਿਆਦ ਘਟਾਈ ਜਾਂ ਵਧਾਈ ਜਾ ਸਕਦੀ ਏ। 26 ਨਵੰਬਰ ਨੂੰ, ਸੰਵਿਧਾਨ ਅਪਣਾਉਣ ਦੀ 75ਵੀਂ ਵਰ੍ਹੇਗੰਢ ਮੌਕੇ, ਸੰਵਿਧਾਨ ਸਭਾ ਦੇ ਸੈਂਟਰਲ ਹਾਲ ਵਿੱਚ ਇੱਕ ਪ੍ਰੋਗਰਾਮ ਕਰਵਾਇਆ ਜਾਵੇਗਾ।

-------------------------------------------------------

ਪੱਤਰ ਸੂਚਨਾ ਦਫਤਰ ਵਲੋਂ ਨਸ਼ਿਆਂ ਦੀ ਮਾੜੀ ਅਲਾਮਤ ਬਾਰੇ ਇਕ ਮੀਡੀਆ ਵਰਕਸ਼ਾਪ ਕਰਵਾਈ ਗਈ, ਜਿਸ 'ਚ ਪੰਜਾਬ ਵਿਚ ਨਸ਼ਿਆਂ ਨਾਲ ਕਿਸ ਤਰਾਂ ਨਜਿਠਿਆ ਜਾਵੇ, ਬਾਰੇ ਵੱਖ-ਵੱਖ ਬੁਲਾਰਿਆਂ ਨੇ ਆਪਣੇ ਵਿਚਾਰ ਰੱਖੇ | ਇਸ ਵਰਕਸ਼ਾਪ ਦੇ ਮੁੱਖ ਮਹਿਮਾਨ ਜਲੰਧਰ ਦੇ DC ਡਾ ਹਿਮਾਂਸ਼ੂ ਅਗਵਾਲ ਨੇ ਕਿਹਾ ਕਿ ਨਸ਼ਾਖੋਰੀ ਇਕ ਖੇਤਰ ਨਾਲ ਸੰਬੰਧਤ ਸਮੱਸਿਆ ਨਹੀਂ ਏ ਬਲਕਿ ਇਹ ਇਕ ਸਮਾਜਿਕ ਸਮੱਸਿਆ ਏ | ਓਹਨਾ ਕਿਹਾ ਕਿ ਇਸ ਨਾਲ ਨਜਿੱਠਣ ਲਈ BSF ਤੇ ਪੁਲਿਸ ਸਮੇਤ ਹੋਰਨਾਂ ਸਰਕਾਰੀ ਏਜੰਸੀਆਂ ਤੋਂ ਇਲਾਵਾ ਆਮ ਲੋਕਾਂ ਨੂੰ ਵੀ ਇਸਦੇ ਖਿਲਾਫ ਅੱਗੇ ਆਉਣ ਦੀ ਲੋੜ ਏ | ਓਹਨਾ ਕਿਹਾ ਕਿ ਜਿਹੜਾ ਨੋਜਵਾਨ ਨਸ਼ਾ ਖੋਰੀ ਨੂੰ ਛੱਡਦਾ ਏ, ਸਮਾਜ ਨੂੰ ਉਸਦਾ ਸਵਾਗਤ ਕਰਨਾ ਚਾਹੀਦਾ ਏ ਅਤੇ ਸਰਕਾਰ ਸਮੇਤ ਸਨਅਤਕਾਰਾ ਤੇ ਹੋਰ ਸਮਾਜਿਕ ਏਜੰਸੀਆਂ ਨੂੰ ਵੀ ਓਹਨਾ ਦਾ ਮੁੜ ਵਸੇਬਾ ਕਰਨਾ ਚਾਹੀਦਾ ਏ | ਜਲੰਧਰ ਦੇਹਾਤੀ ਦੇ SSP ਹਰਕਮਲਪ੍ਰੀਤ ਸਿੰਘ ਖੱਖ ਨੇ ਵੀ ਇਸ ਅਲਾਮਤ ਨੂੰ ਖਤਮ ਕਰਨ ਲਈ ਨੋਜਵਾਨਾਂ ਨੂੰ ਅੱਗੇ ਆਉਣ ਦਾ ਸੱਦਾ ਦਿੱਤਾ | ਓਹਨਾ ਕਿਹਾ ਕਿ ਸਾਂਨੂੰ ਸਾਰੀਆਂ ਨੂੰ ਮਿਲਕੇ ਨਸ਼ਿਆਂ ਦੀ ਮੰਗ ਨੂੰ ਖਤਮ ਕਰਨਾ ਚਾਹੀਦਾ ਏ ਤਾਂ ਕਿ ਅਸੀਂ ਆਪਣੀ ਨੋਜਵਾਨ ਪੀੜੀ ਨੂੰ ਨਸਿਆਂ ਤੋਂ ਬਚਾ ਸਕੀਏ | ਉਹਨਾਂ ਨੇ ਇਸ ਸਮਾਗਮ ਦੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ. ਸੀਮਾ ਸੁਰੱਖਿਆ ਬਲ ਦੇ DIG AK ਵਿਦਿਆਰਥੀ ਨੇ ਸਰਕਾਰ ਪਾਸੋਂ ਨਸ਼ਿਆਂ ਦੀ ਤਸਕਰੀ ਬਾਰੇ BSF ਦੀ ਕਾਰਗੁਜ਼ਾਰੀ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਓਹਨਾ ਦਾ ਬਲ ਇਸ ਤਸਕਰੀ ਨੂੰ ਰੋਕਣ ਲਈ ਹਰ ਵੇਲੇ ਮੁਸਤੈਦ ਏ. ਓਹਨਾ ਕਿਹਾ ਕਿ ਪੰਜਾਬ ਪੁਲਿਸ ਨਾਲ ਰਲ ਕੇ ਇਸ ਤਸਕਰੀ ਨੂੰ ਰੋਕਣ ਲਈ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ | ਓਹਨਾ ਵਿਸ਼ੇਸ਼ ਤੌਰ ਤੇ ਕਿਹਾ ਕਿ ਜੇਕਰ ਕੋਈ ਨਸ਼ਿਆਂ ਦੀ ਵਰਤੋਂ ਕਰਦਾ ਤਾ ਉਸਨੂੰ ਆਪਣੇ ਤੋਂ ਅਲੱਗ ਜਾਨ ਦੂਰ ਕਰਨ ਦੀ ਥਾਂ, ਉਸਨੂੰ ਪਿਆਰ ਨਾਲ ਸਮਝ ਕੇ ਇਸ ਅਲਾਮਤ ਤੋਂ ਦੂਰ ਕੀਤਾ ਜਾ ਸਕਦਾ ਏ. ਇਸ ਮੌਕੇ ਏਮਜ਼ ਬਠਿੰਡਾ ਚ ਮਾਨਸਿਕ ਰੋਗਾਂ ਦੇ ਮਾਹਿਰ ਤੇ ਐਡੀਸ਼ਨਲ ਪ੍ਰੋਫੈਸਰ ਡਾਕਟਰ ਜਤਿੰਦਰ ਅਨੇਜਾ, B.R Ambedkar NIT ਜਲੰਧਰ ਦੇ ਐਸੋਸੀਏਟ ਡੀਨ ਡਾਕਟਰ ਜਸਪ੍ਰੀਤ ਕੌਰ ਰਾਜਪੂਤ ਅਤੇ ਸੰਗਰੂਰ ਤੋਂ ਰੇਡ ਕ੍ਰਾਸ ਨਸ਼ਾ ਛਡਾਊ ਕੇਂਦਰ ਦੇ ਸਾਬਕਾ ਪ੍ਰੋਜੈਕਟ ਡਾਇਰੈਕਟਰ ਮੋਹਨ ਸ਼ਰਮਾ ਨੇ ਵੀ ਨਸ਼ਿਆਂ ਤੋਂ ਬਚਾਅ ਵਾਰੇ ਆਪਣੇ ਵਿਚਾਰ ਰੱਖੇ. PIB ਦੇ ਜੋਇੰਟ ਡਾਇਰੈਕਟਰ ਭੀਪ ਜੋਏ ਨੇ PIB ਦੀ ਕਾਰਗੁਜਾਰੀ ਤੇ ਚਾਨਣਾ

ਪਾਇਆ । PIB ਜਲੰਧਰ ਦੇ ਅਧਿਕਾਰੀ ਡਾਕਟਰ ਵਿਕਰਮ ਸਿੰਘ ਨੇ ਸਾਰੇ ਪੱਤਰਕਾਰਾਂ ਤੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਆਕਾਸ਼ਵਾਣੀ ਜਲੰਧਰ ਦੇ NEWS EDITOR ਰਾਜੇਸ਼ ਬਾਲੀ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ।

-------------------------------------------------------

ਸੂਰਜ ਪੂਜਾ ਦਾ ਸਭ ਤੋਂ ਵੱਡਾ ਤਿਉਹਾਰ ਛਠ ਅੱਜ ਦੇਸ਼ ਭਰ 'ਚ ਨਹਾਏ-ਖਾਏ ਦੀ ਰਸਮ ਨਾਲ ਸ਼ੁਰੂ ਹੋ ਗਿਆ । ਛਠ ਪੂਜਾ ਦੇ ਇਸ ਚਾਰ ਦਿਨਾਂ ਦੀ ਰਸਮ ਵਿੱਚ ਵਰਤ ਰੱਖਣ ਵਾਲੇ ਸ਼ਰਧਾਲੂ ਨਦੀਆਂ ਅਤੇ ਹੋਰ ਜਲ ਸਰੋਤਾਂ ਵਿੱਚ ਇਸ਼ਨਾਨ ਕਰਨਗੇ ਅਤੇ ਸੂਰਜ ਦੇਵਤਾ ਨੂੰ ਜਲ ਨਾਲ ਅਰਘ ਦੇਣਗੇ ।ਭਲਕੇ ਲੋਹੰਡਾ ਖਰਨਾ 'ਤੇ ਵ੍ਰਤੀ ਪੂਰਾ ਦਿਨ ਵਰਤ ਰੱਖਣਗੇ ਅਤੇ ਸ਼ਾਮ ਨੂੰ ਸੂਰਜ ਦੇਵਤਾ ਨੂੰ ਮੱਥਾ ਟੇਕਣਗੇ ਅਤੇ ਪ੍ਰਸ਼ਾਦ ਲੈਣਗੇ । ਚਾਰ ਦਿਨਾਂ ਦੀ ਰਸਮ ਵੀਰਵਾਰ ਸ਼ਾਮ ਨੂੰ ਡੁੱਬਦੇ ਸੂਰਜ ਅਤੇ ਸ਼ੁੱਕਰਵਾਰ ਨੂੰ ਚੜ੍ਹਦੇ ਸੂਰਜ ਨੂੰ ਅਰਘ ਦੇ ਕੇ ਸਮਾਪਤ ਹੋਵੇਗੀ। ਅੱਜ ਪਹਿਲੇ ਦਿਨ ਸ਼ਰਧਾਲੂ ਵੱਖ-ਵੱਖ ਨਦੀਆਂ, ਜਲ ਸਰੋਤਾਂ ਅਤੇ ਜਲ ਭੰਡਾਰਾਂ ਵਿੱਚ ਇਸ਼ਨਾਨ ਕਰ ਰਹੇ ਨੇ ।

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਛੱਠ ਤਿਉਹਾਰ ਦੇ ਨਹਾਏ-ਖਾਏ ਦੇ ਮੌਕੇ 'ਤੇ ਲੋਕਾਂ ਨੂੰ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਵਰਤ ਰੱਖਣ ਵਾਲੇ ਸਾਰੇ ਲੋਕਾਂ ਨੂੰ ਵਿਸ਼ੇਸ਼ ਸ਼ੁਭਕਾਮਨਾਵਾਂ ਦਿੱਤੀਆਂ । ਪ੍ਰਧਾਨ ਮੰਤਰੀ ਨੇ ਛਠੀ ਮਈਆ ਦੀ ਕਿਰਪਾ ਨਾਲ ਤਿਉਹਾਰ ਦੀਆਂ ਸਾਰੀਆਂ ਰਸਮਾਂ ਸਫਲਤਾ ਨਾਲ ਪੂਰੀਆਂ ਹੋਣ ਦੀ ਕਾਮਨਾ ਕੀਤੀ ।

-------------------------------------------------------

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਨੇ ਮਿੱਟੀ ਦੀ ਪਰਖ ਕਰਵਾ ਕੇ ਘੱਟ ਲਾਗਤ ਨਾਲ ਵੱਧ ਝਾੜ ਹਾਸਲ ਕਰਨ ਅਤੇ ਖਾਦਾਂ ਦੀ ਲੋੜ ਅਨੁਸਾਰ ਵਰਤੋਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਮਿੱਟੀ ਦੇ ਇੱਕ ਲੱਖ ਤੋਂ ਵੱਧ ਨਮੂਨੇ ਲਏ ਅਤੇ ਸਬੰਧਤ ਕਿਸਾਨਾਂ ਨੂੰ ਮੁਫ਼ਤ ਟੈਸਟ ਰਿਪੋਰਟਾਂ ਸੌਂਪੀਆਂ ਨੇ ਤਾਂ ਜੋ ਟਿਕਾਊ ਖੇਤੀ ਅਭਿਆਸਾਂ ਰਾਹੀਂ ਕਿਸਾਨਾਂ ਦੀ ਫ਼ਸਲ ਦੇ ਝਾੜ ਨੂੰ ਵਧਾਉਣ ਵਿੱਚ ਸਹਾਇਤਾ ਕੀਤੀ ਜਾ ਸਕੇ। ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਮੌਜੂਦਾ ਵਿੱਤੀ ਸਾਲ ਦੌਰਾਨ ਘੱਟੋ-ਘੱਟ ਢਾਈ ਲੱਖ ਮਿੱਟੀ ਦੇ ਨਮੂਨਿਆਂ ਦੀ ਪਰਖ ਕਰਨ ਦਾ ਟੀਚਾ ਮਿਥਿਆ ਏ । ਵਿਭਾਗ ਨੇ ਹੁਣ

ਤੱਕ ਇਕ ਲੱਖ 16 ਹਜ਼ਾਰ 117 ਨਮੂਨਿਆਂ ਦੇ ਸਫਲਤਾਪੂਰਵਕ ਟੈਸਟ ਕੀਤੇ ਨੇ । ਜ਼ਿਕਰਯੋਗ ਹੈ ਕਿ ਸੂਬੇ ਭਰ ਵਿੱਚ 58 ਮਿੱਟੀ ਪਰਖ ਪ੍ਰਯੋਗਸ਼ਾਲਾਵਾਂ ਹਨ । ਕਿਸਾਨਾਂ ਨੂੰ ਅਪੀਲ ਕਰਦਿਆਂ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਮਿੱਟੀ ਵਿੱਚ ਮੌਜੂਦ ਉਪਜਾਊ ਤੱਤਾਂ ਜਿਵੇਂ ਨਾਈਟ੍ਰੋਜਨ, ਫਾਸਫੋਰਸ, ਪੋਟਾਸ਼ੀਅਮ ਅਤੇ ਹੋਰ ਸੂਖਮ ਤੱਤਾਂ ਦਾ ਪਤਾ ਲਗਾਉਣ ਲਈ ਮਿੱਟੀ ਦੀ ਜਾਂਚ ਕਰਵਾਉਣੀ ਲਾਜ਼ਮੀ ਏ ਕਿਉਂਕਿ ਇਹ ਕਿਸਾਨਾਂ ਨੂੰ ਫ਼ਸਲਾਂ ਦਾ ਵੱਧ ਝਾੜ ਲੈਣ ਅਤੇ ਖਾਦਾਂ ਦੀ ਲੋੜ ਅਨੁਸਾਰ ਵਰਤੋਂ ਕਰਨ ਦੇ ਯੋਗ ਬਣਾਉਂਦੀ ਏ । ਉਨ੍ਹਾਂ ਕਿਹਾ ਕਿ ਮਿੱਟੀ ਵਿਚਲੇ ਮੌਜੂਦ ਉਪਜਾਊ ਤੱਤਾਂ ਬਾਰੇ ਜਾਣ ਕੇ ਕਿਸਾਨ ਘੱਟ ਖਾਦ ਦੀ ਵਰਤੋਂ ਕਰਕੇ ਆਪਣੀ ਲਾਗਤ ਅਤੇ ਵਾਤਾਵਰਣ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਨੂੰ ਘਟਾ ਸਕਦੇ ਨੇ ।

-------------------------------------------------------

ਫਰੀਦਕੋਟ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਅੱਜ ਚਲਾਈ ਵਿਸ਼ੇਸ਼ ਮੁਹਿੰਮ ਤਹਿਤ ਵੱਖ ਵੱਖ ਟੀਮਾਂ ਵੱਲੋਂ ਬਲਾਕ ਫ਼ਰੀਦਕੋਟ ਦੇ ਖਾਦ ਵਿਕ੍ਰੇਤਾਵਾਂ ਦੇ ਕਾਰੋਬਾਰ ਨਾਲ ਸੰਬੰਧਤ ਦੁਕਾਨਾਂ ਅਤੇ ਗੋਦਾਮਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ । ਮੁੱਖ ਖੇਤੀਬਾੜੀ ਅਫਸਰਡਾ. ਅਮਰੀਕ ਸਿੰਘ ਨੇ ਦੱਸਿਆ ਕਿ ਕਣਕ ਦੀ ਕਾਸਤ ਲਈ ਫਾਸਫੋਰਸ ਖੁਰਾਕੀ ਤੱਤ ਦੀ ਜ਼ਰੂਰਤ ਹੁੰਦੀ ਹੈ ਜਿਸ ਦੀ ਪੂਰਤੀ ਲਈ ਕਿਸਾਨਾਂ ਵੱਲੋਂ ਡੀ ਏ ਪੀ ਖਾਦ ਦੀ ਬਿਜਾਈ ਸਮੇਂ ਵਰਤੋਂ ਕੀਤੀ ਜਾਂਦੀ ਹੈ।ਉਨਾਂ ਦੱਸਿਆ ਕਿ ਡੀ ਏ ਪੀ ਖਾਦ ਦੇ ਬਦਲ ਵੱਜੋਂ ਕਿਸਾਨ ਖਾਦ ਅਤੇ ਟ੍ਰਿਪਲ ਸੁਪਰ ਫਾਸਫੇਟ ਖਾਦ ,ਸਿੰਗਲ ਸੁਪਰ ਫਾਸਫੇਟ ਅਤੇ ਹੋਰ ਫਾਸਫੈਟਿਕ ਖਾਦਾਂ ਦੀ ਵੀ ਵਰਤੋਂ ਕੀਤੀ ਜਾ ਸਕਦੀ ਹੈ। ਉਨਾਂ ਦੱਸਿਆ ਕਿ ਇਸ ਤੋਂ ਇਲਾਵਾ ਬਾਜ਼ਾਰ ਵਿੱਚ ਮੌਜੂਦ ਹੋਰ ਫਾਸਫੈਟਿਕ ਖਾਦਾਂ ਵੀ ਵਰਤੀਆਂ ਜਾ ਸਕਦੀਆਂ ਨੇ ।

-------------------------------------------------------

ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਪਿੰਡ ਸੁਰੱਖਿਆ ਕਮੇਟੀਆਂ  ਮੈਂਬਰਾਂ ਨੂੰ, ਦੇਸ਼ ਵਿਰੋਧੀ ਤਾਕਤਾਂ ਖਿਲਾਫ ਲਾਮਬੰਦ ਹੋਣ ਦਾ ਸੱਦਾ ਦਿੱਤਾ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਕੈਨੇਡਾ ਵਿੱਚ ਹਿੰਸਾ ਤੇ ਨਫ਼ਰਤ ਦੀਆਂ ਘਟਨਾਵਾਂ ਦੀ ਸਖ਼ਤ ਨਿਖੇਧੀ ਕਰਦਿਆਂ, ਇਸ ਮਾਮਲੇ ਵਿਚ ਭਾਰਤ ਸਰਕਾਰ ਵਲੋਂ ਦਖਲ ਦੇਣ ਦੀ ਕੀਤੀ ਮੰਗ।
- PIB ਜਲੰਧਰ ਵਲੋਂ ਨਸ਼ਿਆਂ ਦੀ ਮਾੜੀ ਅਲਾਮਤ ਬਾਰੇ ਇਕ ਮੀਡੀਆ ਵਰਕਸ਼ਾਪ ਦਾ ਆਯੋਜਨ ।
- ਸੂਰਜ ਪੂਜਾ ਦਾ ਸਭ ਤੋਂ ਵੱਡਾ ਤਿਉਹਾਰ ਛਠ, ਅੱਜ ਦੇਸ਼ ਭਰ 'ਚ ਨਹਾਏ-ਖਾਏ ਨਾਲ ਸ਼ੁਰੂ ਹੋਇਆ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਮੌਕੇ 'ਤੇ ਲੋਕਾਂ ਨੂੰ ਵਧਾਈ ਦਿੱਤੀ।

-----------------------------------------------------